# ਦਫਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਕਪੂਰਥਲਾ

ਸੇਵਾ ਵਿਖੇ

ਰਜਿਸਟਰਾਰ

ਸਹਿਕਾਰੀ ਸਭਾਵਾਂ, ਪੰਜਾਬ

ਚੰਡੀਗੜ੍ਹ

ਨੰ: 152 ਮਿਤੀ: 22-08-2024

ਵਿਸ਼ਾ: ਦੀ ਹੇਠੀਆਂ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਲਿਮ ਵਿੱਚ ਸੇਲਜਮੈਨ-ਕਮ-ਕੈਸ਼ੀਅਰ ਦੀ ਭਰਤੀ ਕਰਨ ਸਬੰਧੀ।

ਸ੍ਰੀ ਮਾਨ ਜੀ

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਕੀਤੀ ਜਾਂਦੀ ਹੈ, ਕਿ ਦੀ ਹੇਠੀਆ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਲਿਮ ਵਿੱਚ ਸੇਲਜਮੈਨ-ਕਮ-ਕੈਸ਼ੀਅਰ ਨੂੰ ਮਾਨਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ ਚੰਡੀਗੜ੍ਹ ਜੀ ਦੇ ਦਫਤਰ ਦੇ ਮੀਮੋ ਨੰ: ਰਸਸ/ਰਿਣ-2/ਸੀ.ਈ.ਏ.3/167 ਮਿਤੀ 21/06/2024 ਰਾਹੀ ਸਭਾ ਨੂੰ ਸੇਲਜਮੈਨ ਕਮ-ਕੈਸ਼ੀਅਰ ਦੀ ਭਰਤੀ ਕਰਨ ਸਬੰਧੀ ਸਭਾ ਵੱਲੋਂ ਦੋ (ਅਜੀਤ ਅਤੇ ਪਹਿਰੇਦਾਰ) ਪ੍ਰਚਲਿਤ ਅਖਬਾਰਾਂ ਵਿੱਚ ਇਸ਼ਤਿਹਾਰ ਦਿੱਤਾ ਗਿਆ ਹੈ। ਜਿਸ ਵਿੱਚ ਕਰਮਚਾਰੀ ਦੀ ਨਿਯੁਕਤੀ ਦੀ ਅਸਾਮੀ ਲਈ ਮਿਤੀ 09-09-2024 ਤੱਕ ਸਭਾ ਦੇ ਦਫਤਰ ਵਿੱਚ ਅਰਜੀਆਂ ਦੀ ਮੰਗ ਕੀਤੀ ਗਈ ਹੈ। ਇਸ ਲਈ ਸਭਾ ਵੱਲੋਂ ਕਰਮਚਾਰੀ ਦੀ ਭਰਤੀ ਕਰਨ ਸਬੰਧੀ ਅਖਬਾਰ ਇਸ਼ਤਿਹਾਰ ਦੀ ਕਾਪੀ ਮਹਿਕਮੇ ਦੀ ਵੈਬਸਾਈਟ ਉੱਤੇ ਅਪਲੋਡ ਕਰਨ ਲਈ ਆਪ ਜੀ ਨੂੰ ਅਗਲੀ ਲੋੜੀਂਦੀ ਕਾਰਵਾਈ ਲਈ ਬੇਨਤੀ ਸਹਿਤ ਭੇਜਿਆ ਜਾਂਦਾ ਹੈ।

ਨੱਥੀ- ਉੱਕਤ ਅਨੁਸਾਰ ।

ਸਹਾਇਕ ਰਜਿਸਟਰਾਰ

ਸਹਿਕਾਰੀ ਸਭਾਵਾਂ ਕਪੂਰਥਲਾ।

ਪੰਜਾਬ ਦੀ ਆਵਾਜ਼

# ਅਜੀਤ

ਡਾ. ਸਾਧੂ ਸਿੰਘ ਹਮਦਰਦ, ਵੀਰਵਾਰ, 22 ਅਗਸਤ, 2024 (Thursday, 22 August, 2024) 7 ਭਾਦੋਂ ਨਾਨਕਸ਼ਾਹੀ ਸੰਮਤ 556 ਮੁੱਲ : 5.00 ਰੁਪਏ (Price ₹. 5.00)

...NDHAR, TRADEMARK AND COPYRIGHT SADHU SINGH HAMDARD TRUST, 2024. ALL RIGHTS RESERVED. ਜਲੰਧਰ, ਚੰਡੀਗੜ੍ਹ ਅਤੇ ਬਠਿੰਡਾ ਤੋਂ ਪ੍ਰਕਾਸ਼ਿਤ

## ...ਦਿਆਂ ਨੌਜਵਾਨ ਨੂੰ ਕੀਤਾ ਜ਼ਖ਼ਮੀ



...ਸਤ ਸਿਵਲ ਹਸਪਤਾਲ ਵਿਖੇ ਜ਼ੇਰੇ ਇਲਾਜ ...ਪਿੰਡ ਹਰਪ੍ਰੀਤ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਬਰਿਦਪੁਰ ਨੇ ਦੱਸਿਆ ਕਿ ਉਸ ਦਾ ਬੀਤੀ ਰਾਤ ਘਰੇਲੂ ਝਗੜਾ ਹੋਇਆ ਸੀ, ਜਿਸ ਦਾ ਰਾਜ਼ੀਨਾਮਾ ਹੋ ਗਿਆ ਸੀ, ਅੱਜ ਜਦੋਂ ਉਹ ਘਰ ਵਿਚ ਇਕੱਲਾ ਸੀ ਤਾਂ ਦੂਜੀ ਧਿਰ ਦੇ ਲਗਭਗ 4-5 ਨੌਜਵਾਨਾਂ ਨੇ ਉਨ੍ਹਾਂ ਦੇ ਘਰ ਹਮਲਾ ਕਰ ਦਿੱਤਾ, ਜਿਸ ਵਿਚ ਉਹ ਜ਼ਖ਼ਮੀ ਹੋ ਗਿਆ, ਜਿਸ ਨੂੰ ਪਿੰਡ ਵਾਸੀਆਂ ਨੇ ਸਿਵਲ ਹਸਪਤਾਲ ਕਪੂਰਥਲਾ ਵਿਖੇ ਦਾਖਲ ...ਦੇ ਕਰਵਾਇਆ। ਡਿਊਟੀ ਡਾਕਟਰ ਵਲੋਂ ...ਕ ਐਮ.ਐਲ.ਆਰ. ਕੱਟ ਕੇ ਸਬੰਧਿਤ ...। ਥਾਣੇ ਨੂੰ ਭੇਜ ਦਿੱਤੀ ਗਈ ਹੈ।

...ਤੇ ਇਲਾਜ ...ਰ. ਤਿਲਕਰਾਜ

## ...ਚਾਲਕ ਨੂੰ ਕੀਤਾ ਜ਼ਖ਼ਮੀ



...'ਤੇ ਇੱਟ ਮਾਰ ਕੇ ਉਸ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ ਜਿਸ ਨੂੰ ਪਰਿਵਾਰਕ ਮੈਂਬਰਾਂ ਨੇ ਸਿਵਲ ਹਸਪਤਾਲ ਇਲਾਜ ਲਈ ਲਿਆਂਦਾ। ਜ਼ੇਰੇ ਇਲਾਜ ਰਮੇਸ਼ ਪੁੱਤਰ ਨਟਖਟ ਵਾਸੀ ਅਜੀਤ ਨਗਰ ਨੇ ਦੱਸਿਆ ਕਿ ਉਹ ਜਦੋਂ ਦੇਰ ਰਾਤ ਰਿਕਸ਼ਾ ਚਲਾਕੇ ਕੰਮ ਤੋਂ ਵਾਪਸ ਆਇਆ ਤਾਂ ਉਸ ਦੇ ਗੁਆਂਢੀਆਂ ਨਾਲ ਕਿਸੇ ਗੱਲ ਨੂੰ ਲੈ ਕੇ ਮਾਮੂਲੀ ਤਕਰਾਰ ਹੋ ਗਈ। ਜਿਸ 'ਤੇ ਗੁਆਂਢੀਆਂ ਨੇ ਉਸ 'ਤੇ ਹਮਲਾ ਕਰਕੇ ਉਸ ਦੇ ਸਿਰ 'ਤੇ ਇੱਟ ਮਾਰ ਕੇ ਗੰਭੀਰ ਜ਼ਖਮੀ ਕਰ ਦਿੱਤਾ। ਡਿਊਟੀ ਡਾ. ਨਵਦੀਪ ਸਿੰਘ ਵਲੋਂ ਉਸਦਾ ਇਲਾਜ ਜਾਰੀ ਹੈ ਤੇ ਇਸ ਸਬੰਧੀ ਸਬੰਧਿਤ ਥਾਣੇ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

...ਜ਼ਖ਼ਮੀ ...ਤਲਕਰਾਜ

## ਕਿਸਾਨਾਂ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਮਾਛੀਪਾਲ ਵਿਚਲਾ ਬੰਦ ਕੀਤਾ ਕੋਲਡ ਸਟੋਰ ਮੁੜ ਚਾਲੂ ਕੀਤਾ ਜਾਵੇ-ਰਾਣਾ ਗੁਰਜੀਤ ਸਿੰਘ

### ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਨੂੰ ਲਿਖਿਆ ਪੱਤਰ

ਕਪੂਰਥਲਾ, 21 ਅਗਸਤ (ਅਮਰਜੀਤ ਕੋਮਲ)-ਕਪੂਰਥਲਾ ਹਲਕੇ ਦੇ ਵਿਧਾਇਕ ਤੇ ਸੀਨੀਅਰ ਕਾਂਗਰਸ ਆਗੂ ਰਾਣਾ ਗੁਰਜੀਤ ਸਿੰਘ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਪ੍ਰੋ. ਡਾ. ਆਦਰਸ਼ਪਾਲ ਵਿੱਗ ਨੂੰ ਇਕ ਪੱਤਰ ਲਿਖ ਕੇ ਬੇਨਤੀ ਕੀਤੀ ਕਿ ਕਪੂਰਥਲਾ ਹਲਕੇ ਦੇ ਕਿਸਾਨਾਂ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਪਿੰਡ ਮਾਛੀਪਾਲ ਵਿਚ ਬੰਦ ਕੀਤਾ ਸ਼ਰਨਪਾਲ ਕੋਲਡ ਸਟੋਰ ਚਾਲੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਕੋਲਡ ਸਟੋਰ ਵਿਚ ਹਲਕੇ ਦੇ ਹੋਰ ਨੇੜਲੇ ਖੇਤਰਾਂ ਦੇ ਵੱਡੀ ਗਿਣਤੀ ਵਿਚ ਕਿਸਾਨਾਂ ਵਲੋਂ ਆਲੂ ਰੱਖੇ ਗਏ ਹਨ, ਜੇਕਰ ਸਟੋਰ ਲਗਾਤਾਰ ਅਗਲੇ ਦਿਨਾਂ ਵਿਚ ਬੰਦ ਰਿਹਾ ਤਾਂ ਕਿਸਾਨਾਂ ਦਾ 20 ਕਰੋੜ ਤੋਂ ਵੱਧ ਦਾ ਨੁਕਸਾਨ ਹੋ ਸਕਦਾ ਹੈ। ਕਾਂਗਰਸ ਵਿਧਾਇਕ ਨੇ ਕਿਹਾ ਕਿ ਫ਼ੌਰੀ ਤੌਰ 'ਤੇ ਸਟੋਰ ਬੰਦ ਹੋਣ ਨਾਲ ਆਲੂ ਖ਼ਰਾਬ ਹੋ ਸਕਦਾ ਹੈ। ਇਸ ਲਈ ਜੇਕਰ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਕਿਸੇ ਕਾਰਨ ਸਟੋਰ ਬੰਦ ਕਰਨਾ ਜ਼ਰੂਰੀ ਸਮਝਦਾ ਹੈ ਤਾਂ ਅਗਲੇ ਸੀਜ਼ਨ ਤੋਂ ਇਸਨੂੰ ਬੰਦ ਕੀਤਾ ਜਾਵੇ ਤਾਂ ਜੋ ਕਿਸਾਨਾਂ ਦਾ ਆਲੂ ਖ਼ਰਾਬ ਹੋਣ ਤੋਂ ਬਚ ਸਕੇ।



ਕਾਂਗਰਸ ਵਿਧਾਇਕ ਰਾਣਾ ਗੁਰਜੀਤ ਸਿੰਘ

## ਭੇਦਭਰੀ ਹਾਲਤ 'ਚ ਨੌਜਵਾਨ ਦੀ ਮੌਤ

ਕਪੂਰਥਲਾ, 21 ਅਗਸਤ (ਅਮਨਜੋਤ ਸਿੰਘ ਵਾਲੀਆ)-ਸ਼ੇਖੂਪੁਰ ਵਿਖੇ ਭੇਦਭਰੀ ਹਾਲਤ 'ਚ ਇਕ ਨੌਜਵਾਨ ਦੀ ਮੌਤ ਹੋਣ ਦਾ ਸਮਾਚਾਰ ਮਿਲਿਆ ਹੈ। ਸਿਵਲ ਹਸਪਤਾਲ ਵਿਖੇ ਤਾਇਨਾਤ ਡਿਊਟੀ ਡਾਕਟਰ ਸ਼ਾਲੂ ਨੇ ਦੱਸਿਆ ਕਿ ਅਕਾਸ਼ ਪੁੱਤਰ ਰਾਜੂ ਵਾਸੀ ਸ਼ੇਖੂਪੁਰ, ਜਿਸ ਨੂੰ ਬੇਹੋਸ਼ੀ ਦੀ ਹਾਲਤ ਵਿਚ ਸਿਵਲ ਹਸਪਤਾਲ ਵਿਚ ਐਮਰਜੈਂਸੀ ਵਿਚ ਲਿਆਂਦਾ ਗਿਆ ਸੀ; ਜਦੋਂ ਉਸ ਦੀ ਜਾਂਚ ਕੀਤੀ ਗਈ ਤਾਂ ਉਸ ਦੀ ਮੌਤ ਹੋ ਚੁੱਕੀ ਸੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਕਤ ਨੌਜਵਾਨ ਬਾਥਰੂਮ 'ਚ ਬੇਹੋਸ਼ੀ ਦੀ ਹਾਲਤ ਵਿਚ ਡਿੱਗਾ ਹੋਇਆ, ਜਿਸ ਨੂੰ ਗੁਆਂਢੀਆਂ ਨੇ ਸਿਵਲ ਹਸਪਤਾਲ ਕਪੂਰਥਲਾ ਵਿਖੇ ਲਿਆਂਦਾ। ਡਿਊਟੀ ਡਾਕਟਰ ਵਲੋਂ ਥਾਣਾ ਸਿਟੀ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

## ਅਣਪਛਾਤੇ ਨੌਜਵਾਨ...

ਸੁਭਾਨਪੁਰ, 21 ਅਗਸਤ (ਸਤਨਾਮ ਸਿੰਘ)-ਥਾਣਾ ਸੁਭਾਨਪੁਰ ਦੀ ਪੁਲਿਸ ਨੂੰ ਪਿੰਡ ਰਮੀਦੀ ਲਿੰਕ ਸੜਕ ਦੇ ਨਜ਼ਦੀਕ ਕੱਚੇ ਰਸਤੇ ਤੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ ਹੋਈ ਹੈ। ਡਿਊਟੀ ਅਫ਼ਸਰ ਏ.ਐਸ.ਆਈ. ਹਰੀਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ... ਨੂੰ ਜਾਂਦੀ ਲਿੰਕ ਸੜਕ ਨਜ਼ਦੀਕ ਇੱਕ ਨੌਜਵਾਨ (23) ਵਿਅਕਤੀ ਦੀ ਲਾਸ਼ ਪ... 'ਤੇ ਜਾ ਕੇ ਲਾਸ਼ ਦੀ ਸ਼... ਕੋਸ਼ਿਸ਼ ਕੀਤੀ। ਆਸ... ਪੁੱਛਿਆ ਗਿਆ ਪਰੰਤੂ ... ਦੀ ਸ਼ਨਾਖ਼ਤ ਨਹੀਂ ... ਦੱਸਿਆ ਕਿ ਮ੍ਰਿਤਕ ... ਚਿੱਟੇ ਰੰਗ ਦੀ ਟੀ ਸ਼ਰ...



ਅਣਪਛਾਤੇ ਨੌਜਵਾਨ ਵਿਅਕਤੀ ਦੀ ਲਾਸ਼। ਤਸਵੀਰ. ਸਤਨਾਮ ਸਿੰਘ

## ਦੀ ਹੋਠੀਆਂ ਸਹਿਕਾਰੀ ਬਹੁਮੰਤਵੀ ਖੇਤੀਬਾੜੀ ਸਭਾ ਲਿਮ:

### ਸੇਲਜ਼ਮੈਨ ਦੀ ਭਰਤੀ ਸੰਬੰਧੀ ਨੋਟਿਸ

ਉਪਰੋਕਤ ਵਿਸ਼ੇ ਦੇ ਸੰਬੰਧ ਵਿਚ ਦੀ ਹੋਠੀਆਂ ਸਹਿਕਾਰੀ ਬਹੁਮੰਤਵੀ ਖੇਤੀਬਾੜੀ ਸਭਾ ਲਿਮ. ਹੋਠੀਆਂ ਦੀ ਖਾਲੀ ਅਸਾਮੀ 'ਤੇ ਸੇਲਜ਼ਮੈਨ ਦੀ ਭਰਤੀ ਕੀਤੀ ਜਾਣੀ ਹੈ। ਭਰਤੀ ਸੰਬੰਧੀ ਇੰਟਰਵਿਊ ਦੀ ਪ੍ਰਕਿਰਿਆ ਮਿਤੀ 11.09.2024 ਨੂੰ ਸਵੇਰੇ 10 ਵਜੇ ਸਭਾ ਦੇ ਦਫ਼ਤਰ ਪਿੰਡ ਹੋਠੀਆਂ ਜ਼ਿਲ੍ਹਾ ਕਪੂਰਥਲਾ ਵਿਖੇ ਕੀਤੀ ਜਾਵੇਗੀ। ਭਰਤੀ ਸੰਬੰਧੀ ਯੋਗਤਾ ਅਤੇ ਸ਼ਰਤਾਂ ਹੇਠ ਲਿਖੇ ਅਨੁਸਾਰ ਹੈ :-1. ਉਮੀਦਵਾਰ ਦੀ ਉਮਰ 18 ਸਾਲ ਤੋਂ 37 ਸਾਲ, 2. ਮਾਨਤਾ ਪ੍ਰਾਪਤ ਯੂਨੀਵਰਸਿਟੀ ਜਾਂ ਸੰਸਥਾ ਤੋਂ ਗ੍ਰੈਜੂਏਸ਼ਨ ਯੋਗਤਾ ਦੀ ਡਿਗਰੀ ਅਤੇ ਦਸਵੀਂ ਪੱਧਰ ਦੀ ਪੰਜਾਬੀ ਦੀ ਵਿੱਦਿਅਕ ਯੋਗਤਾ 3. ਉਮੀਦਵਾਰ ਨੇ ਭਾਰਤ ਸਰਕਾਰ ਦੇ ਇਲੈਕਟ੍ਰੋਨਿਕਸ ਵਿਭਾਗ ਦੇ "ਓ" ਲੈਵਲ ਦੇ ਸਰਟੀਫਿਕੇਟ ਦਾ ਕੋਰਸ ਪਾਸ ਕੀਤਾ ਹੋਵੇ ਜਾਂ ਉਮੀਦਵਾਰ ਨੇ ਸਰਕਾਰ ਵਲੋਂ ਪ੍ਰਵਾਨਿਤ ਕਿਸੇ ਸੰਸਥਾ ਜਾਂ ਕਿਸੇ ਮਸ਼ਹੂਰ ਸੰਸਥਾ ਜੋ ISO 9001 ਅਨੁਸਾਰ ਤਸਦੀਕਸ਼ੁਦਾ ਹੋਵੇ ਤੋਂ ਘੱਟੋ-ਘੱਟ 120 ਘੰਟੇ ਦਾ ਹੇਠ ਲਿਖਿਆ ਕੋਰਸ ਪਾਸ ਕੀਤਾ ਹੋਵੇ :-(ੳ) ਪਰਸਨਲ ਕੰਪਿਊਟਰ ਦਾ ਕੋਰਸ, ਜਾਂ (ਅ) ਇਨਫਰਮੇਸ਼ਨ ਟੈਕਨਾਲੋਜੀ ਵਿਚ ਆਫਿਸ ਪ੍ਰੋਡਕਟੀਵਿਟੀ ਐਪਲੀਕੇਸ਼ਨ ਦਾ ਕੋਰਸ ਜਾਂ (ੲ) ਡੈਸਕਟਾਪ ਪਬਲਿਸ਼ਿੰਗ ਦਾ ਕੋਰਸ, 4. ਉਮੀਦਵਾਰ ਦਾ ਪਿਛੋਕੜ ਪੇਂਡੂ ਹੋਣਾ ਚਾਹੀਦਾ ਹੈ (ਸਭਾ ਦੇ ਦਾਇਰਾ ਕਾਰੋਬਾਰ ਦੇ ਨਿਵਾਸੀ ਉਮੀਦਵਾਰ ਨੂੰ ਪਹਿਲ ਦਿੱਤੀ ਜਾਵੇਗੀ 5. ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀ ਨੂੰ ਆਪਣੀ ਨਿਯੁਕਤੀ ਦੇ ਸਮੇਂ ਪ੍ਰਬੰਧਕ ਕਮੇਟੀ ਵਲੋਂ ਦਰਸਾਈ ਗਈ ਜ਼ਮਾਨਤ ਉਮੀਦਵਾਰ ਕੋਲੋਂ ਗਾਰੰਟੀ ਦੇ ਤੌਰ 'ਤੇ ਦੇਣੀ ਪਵੇਗੀ। ਉਮੀਦਵਾਰ ਆਪਣੀ ਅਰਜ਼ੀ ਨਾਲ ਆਪਣੀ ਯੋਗਤਾ ਸੰਬੰਧੀ ਸਰਟੀਫਿਕੇਟ ਦੀਆਂ ਤਸਦੀਕਸ਼ੁਦਾ ਕਾਪੀਆਂ, ਪਾਸਪੋਰਟ ਸਾਈਜ਼ ਫੋਟੋ ਅਤੇ ਹਲਫੀਆ ਬਿਆਨ ਸਭਾ ਦੇ ਦਫ਼ਤਰ ਵਿਖੇ ਮਿਤੀ 23.08.2024 ਤੋਂ 09.09.2024 ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ 1000/- ਰੁਪਏ ਦੀ ਡੀ.ਡੀ. ਫੀਸ ਸਮੇਤ ਦਸਤੀ ਜਾਂ ਡਾਕ ਰਾਹੀਂ ਕਿਸੇ ਵੀ ਕੰਮਕਾਜ ਦੇ ਦਿਨ ਜਮ੍ਹਾਂ ਕਰਵਾ ਸਕਦੇ ਹਨ। ਮਿਤੀ 09.09.2024 ਨੂੰ ਸ਼ਾਮ 4 ਵਜੇ ਤੋਂ ਬਾਅਦ ਕੋਈ ਵੀ ਅਰਜ਼ੀ ਪ੍ਰਾਪਤ ਨਹੀਂ ਕੀਤੀ ਜਾਵੇਗੀ। ਭਰਤੀ ਪ੍ਰਕਿਰਿਆ ਅਤੇ ਇੰਟਰਵਿਊ ਸੰਬੰਧੀ ਕੋਈ ਵੀ ਜਾਣਕਾਰੀ ਕਿਸੇ ਵੀ ਕੰਮਕਾਜ ਦੇ ਦਿਨ ਸਭਾ ਦੇ ਦਫ਼ਤਰ ਵਿਖੇ ਹਾਜ਼ਰ ਹੋ ਕੇ ਜਾਂ 98150-17772 'ਤੇ ਸੰਪਰਕ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਉਮੀਦਵਾਰ ਦੀ ਭਰਤੀ ਕਰਨ ਜਾਂ ਨਾ ਕਰਨ ਸੰਬੰਧੀ ਹੱਕ ਸਿਲੇਕਸ਼ਨ ਕਮੇਟੀ ਕੋਲ ਰਾਖਵੇਂ ਹੋਣਗੇ।



